ਡਾਇਰੈਕਟਰ ਜਨਰਲ ਸਕੂਲ ਸਿੱਖਿਆ ਪੰਜਾਬ,ਚੰਡੀਗੜ੍ਹ
ਐਸ.ਸੀ.ਓ.ਨੰ: 104-106, ਦੂਜੀ ਮੰਜਿਲ ਸੈਕਟਰ-34 ਏ,ਚੰਡੀਗੜ੍ਹ
ਟੈਲੀਫੋਨ ਨੰ: 0172-2624673, ਫੈਕਸ ਨੰ: 0172-2624687,ਈ-ਮੇਲ dgsepunjab18@gmail.com

ਵੱਲ

1. ਸਮੂਹ ਸਕੂਲ ਮੁੱਖੀ (ਵੈਬ ਸਾਈਟ ਰਾਹੀਂ)
ਸੀਨੀਅਰ ਸਕੈਂਡਰੀ ਸਕੂਲ,ਹਾਈ ਸਕੂਲ, ਮਿਡਲ ਸਕੂਲ
ਅਤੇ ਪ੍ਰਾਇਮਰੀ ਸਕੂਲ ਪੰਜਾਬ

2. ਸਮੂਹ ਸਕੂਲ ਅਧਿਆਪਕ(ਵੈਬ ਸਾਈਟ ਰਾਹੀਂ)

ਮੀਮੋ ਨੰ: ਕੋਆਰਡੀਨੇਸ਼ਨ/2013/6758-83
ਮਿਤੀ,ਚੰਡੀਗੜ੍ਹ: 3 ਅਪ੍ਰੈਲ 2013

ਵਿਸ਼ਾ: ਵਿੱਦਿਅਕ ਸੈਸ਼ਨ 2013-14 ਵਿੱਚ ਵਿਦਿਆਰਥੀਆਂ ਦੇ ਦਾਖਲੇ ਸਬੰਧੀ ।

1.0 ਕਿਸੇ ਵੀ ਦੇਸ਼ ਅਤੇ ਕੌਮ ਦੀ ਤਰੱਕੀ ਲਈ ਸਭ ਤੋਂ ਅਹਿਮ ਪਹਿਲੂ ਉਸ ਦੇਸ਼ ਦੇ ਬੱਚਿਆਂ ਦੀ ਪੜ੍ਹਾਈ-ਲਿਖਾਈ ਹੁੰਦੀ ਹੈ । ਪੰਜਾਬ ਸਰਕਾਰ ਵੱਲੋਂ ਬੱਚਿਆਂ ਦੀ ਪੜ੍ਹਾਈ ਲਈ ਬਹੁਤ ਉਪਰਾਲੇ ਕੀਤੇ ਜਾ ਰਹੇ ਹਨ ।

2.0 ਜਿਵੇਂ ਕਿ ਆਪ ਜੀ ਨੂੰ ਪਤਾ ਹੈ ਕਿ ਅੱਜ ਕੱਲ੍ਹ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਨਵੇਂ ਸੈਸ਼ਨ ਦੇ ਦਾਖਲੇ ਚਲ ਰਹੇ ਹਨ । ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਵਿੱਚ ਸਰਕਾਰੀ ਸਕੂਲਾਂ ਵਿੱਚ ਦਾਖਲ ਹੋਣ ਲਈ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ, ਇਸ ਲਈ ਇਹ ਜ਼ਰੂਰੀ ਹੈ ਕਿ ਸਿੱਖਿਆ ਵਿਭਾਗ ਨਾਲ ਸਬੰਧਤ ਸਮੂਹ ਅਧਿਆਪਕ/ਮੁੱਖ ਅਧਿਆਪਕ/ਪ੍ਰਿੰਸੀਪਲ ਅਤੇ ਹੋਰ ਅਮਲਾ ਵਿਦਿਆਰਥੀਆਂ ਨੂੰ ਸਬੰਧਤ ਸਕੂਲਾਂ ਵਿੱਚ ਦਾਖਲ ਹੋਣ ਲਈ ਪ੍ਰੇਰਿਤ ਕਰਨ । ਇਸ ਲਈ ਹੇਠ ਲਿਖੇ ਅਨੁਸਾਰ ਹਦਾਇਤਾਂ ਕੀਤੀਆਂ ਜਾਂਦੀਆਂ ਹਨ:-

ੳ. ਪ੍ਰਾਇਮਰੀ ਸਕੂਲਾਂ ਦੇ ਸਕੂਲ ਮੁੱਖੀਆਂ ਅਤੇ ਅਧਿਆਪਕਾਂ ਵੱਲੋਂ ਇਹ ਯਕੀਨੀ ਬਣਾਇਆ ਜਾਵੇ ਕਿ ਉਹ ਸਾਰੇ ਬੱਚੇ ਜਿਹਨਾਂ ਦੀ ਉਮਰ ਲਗਭਗ ਛੇ ਸਾਲ ਹੈ, ਉਹਨਾਂ ਦਾ ਦਾਖਲਾ ਪਹਿਲੀ ਜਮਾਤ ਵਿੱਚ ਯਕੀਨੀ ਬਣਾਇਆ ਜਾਵੇ। ਨਾਲ ਹੀ ਇਹ ਵੀ ਯਕੀਨੀ ਬਣਾਇਆ ਜਾਵੇ ਕਿ ਜੋ ਵਿਦਿਆਰਥੀ ਪ੍ਰਾਇਮਰੀ ਸਕੂਲਾਂ ਵਿਚੋ ਪੰਜਵੀਂ ਜਮਾਤ ਪਾਸ ਕਰਕੇ ਗਏ ਹਨ, ਉਹ ਸਾਰੇ ਦੇ ਸਾਰੇ ਛੇਵੀਂ ਜਮਾਤ ਵਿੱਚ ਜ਼ਰੂਰ ਦਾਖਲ ਹੋਣ । ਇਸ ਕੰਮ ਲਈ ਉਹਨਾਂ ਬੱਚਿਆਂ ਦੇ ਮਾਪਿਆਂ ਨਾਲ ਅਤੇ ਛੇਵੀਂ ਜਮਾਤ ਦੇ ਕਲਾਸ ਇੰਨਚਾਰਜ ਨਾਲ ਲਗਾਤਾਰ ਰਾਬਤਾ ਰੱਖਕੇ ਇਸ ਕੰਮ ਨੂੰ ਯਕੀਨੀ ਬਣਾਇਆ ਜਾਵੇ। ਸਰਕਾਰੀ ਮਿਡਲ/ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲ ਜਿਥੇ ਛੇਵੀਂ ਜਮਾਤ ਵਿੱਚ ਦਾਖਲਾ ਹੁੰਦਾ ਹੈ, ਦੇ ਸਕੂਲ ਮੁੱਖੀਆਂ ਦੀ ਇਹ ਡਿਊਟੀ ਬਣਦੀ ਹੈ ਕਿ ਉਹਨਾਂ ਦੇ ਹਲਕੇ ਵਿੱਚ ਪੈਂਦੇ ਸਮੂਹ ਪ੍ਰਾਈਮਰੀ ਸਕੂਲਾਂ ਵਿੱਚੋਂ ਪੰਜਵੀ ਜਮਾਤ ਪਾਸ ਕਰ ਚੁੱਕੇ ਸਾਰੇ ਬੱਚੇ ਛੇਵੀਂ ਜਮਾਤ ਵਿੱਚ ਦਾਖਲ ਹੋਣ।

ਅ. ਇਸ ਤਰ੍ਹਾਂ ਅੱਠਵੀਂ ਜਮਾਤ ਪਾਸ ਕਰ ਚੁੱਕੇ ਵਿਦਿਆਰਥੀਆਂ ਦੇ ਸਕੂਲ ਦੇ ਸਕੂਲ ਮੁੱਖੀ ਦੀ ਇਹ ਨੈਤਿਕ ਜ਼ਿੰਮੇਵਾਰੀ ਹੈ ਕਿ ਉਹ ਇਹ ਯਕੀਨੀ ਬਣਾਉਣਗੇ ਕਿ ਅੱਠਵੀਂ ਜਮਾਤ ਪਾਸ ਕਰਕੇ ਗਏ ਸਾਰੇ ਬੱਚੇ ਨੌਵੀਂ ਜਮਾਤ ਵਿੱਚ ਜ਼ਰੂਰ ਦਾਖਲ ਹੋਣ ਤਾਂ ਜੋ ਇਹ ਬੱਚੇ ਆਪਣੀ ਸਕੂਲੀ ਵਿੱਦਿਆ ਸੰਪੂਰਨ ਕਰ ਸਕਣ । ਜੇਕਰ ਕੋਈ ਬੱਚਾ ਕਿਸੇ ਕਾਰਨ ਅਠਵੀਂ ਜਮਾਤ ਪਾਸ ਕਰਨ ਉਪਰੰਤ ਨੌਵੀਂ ਜਮਾਤ ਵਿੱਚ ਦਾਖਲ ਨਹੀਂ ਹੁੰਦਾ ਤਾਂ ਸਬੰਧਤ ਅਧਿਆਪਕਾਂ ਵੱਲੋਂ ਉਸ ਦੇ ਮਾਪਿਆਂ ਨਾਲ ਰਾਬਤਾ ਕਾਇਮ ਕਰਕੇ ਉਹਨਾਂ ਨੂੰ ਪ੍ਰੇਰਿਆ ਜਾਵੇ ਤਾਂ ਜੋ ਬੱਚੇ ਦਾ ਦਾਖਲਾ ਨੌਵੀਂ ਜਮਾਤ ਵਿੱਚ ਜ਼ਰੂਰ ਕਰਵਾਇਆ ਜਾ ਸਕੇ ।

ੲ. ਭਾਵੇਂ ਕਿ 10 ਜਮਾਤ ਦੇ ਬੱਚਿਆਂ ਨੇ ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਪੇਪਰ ਦਿੱਤੇ ਹਨ ਅਤੇ ਇਹਨਾਂ ਪ੍ਰੀਖਿਆਵਾਂ ਦਾ ਰਿਜ਼ਲਟ ਆਉਣਾ ਅਜੇ ਬਾਕੀ ਹੈ ਪਰ ਫਿਰ ਵੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਬੱਚਿਆਂ ਨੇ ਗਿਆਰਵੀਂ ਜਮਾਤ ਵਿੱਚ ਆਰਜੀ ਤੌਰ ਤੇ ਦਾਖਲਾ ਲੈਣਾ ਸ਼ੁਰੂ ਕਰ ਦਿੱਤਾ ਹੈ । ਇਸ ਲਈ ਸਮੂਹ ਉਹਨਾਂ ਵਿਦਿਆਰਥੀਆਂ ਨੂੰ ਜਿਹਨਾਂ ਨੇ 10ਵੀਂ ਜਮਾਤ ਦੇ ਬੋਰਡ ਦੇ ਇਮਤਿਹਾਨ ਦਿੱਤੇ ਹਨ, ਨੂੰ ਗਿਆਰਵੀਂ ਜਮਾਤ ਵਿੱਚ ਤੁਰੰਤ ਦਾਖਲਾ ਲੈਣ ਲਈ ਪ੍ਰੇਰਿਆ ਜਾਵੇ ਤਾਂ ਜੋ ਉਹ ਗਿਆਰਵੀਂ ਜਮਾਤ ਦਾ ਸਿਲੇਬਸ ਸਮੇਂ ਸਿਰ ਪੂਰਾ ਕਰ ਸਕਣ ।

ਸ. ਉਕਤ ਤੋਂ ਇਲਾਵਾ ਬਾਕੀ ਕਲਾਸਾਂ ਵਿੱਚ ਵੀ ਇਸ ਗੱਲ ਦਾ ਧਿਆਨ ਰੱਖਿਆ ਜਾਵੇ ਕਿ ਕੋਈ ਵੀ ਬੱਚਾ ਕਿਸੇ ਵੀ ਪੱਧਰ ਤੇ ਸਕੂਲ ਚੋ ਡਰਾਪ ਆਊਟ ਨਾ ਹੋਵੇ ।

ਹ. ਸਿੱਖਿਆ ਵਿਭਾਗ ਨਾਲ ਸਬੰਧਤ ਸਮੂਹ ਅਧਿਆਪਕਾਂ, ਕਰਮਚਾਰੀਆਂ ਅਤੇ ਅਧਿਕਾਰੀਆਂ ਦੀ ਡਿਊਟੀ ਬਣਦੀ ਹੈ ਕਿ ਕੋਈ ਵੀ ਬੱਚਾ ਕਿਸੇ ਵੀ ਕਾਰਨ ਕਰਕੇ, ਭਾਵੇਂ ਇਹ ਕਾਰਨ ਸਰੀਰਕ ਹੋਣ, ਮਾਨਸਿਕ ਹੋਣ, ਸਮਾਜਿਕ ਹੋਣ ਜਾਂ ਆਰਥਿਕ ਹੋਣ, ਸਕੂਲ ਤੋਂ ਵਿਰਵਾ ਨਾ ਰਹੇ।

ਉਕਤ ਨੂੰ ਮੁੱਖ ਰੱਖਦੇ ਹੋਏ ਪੰਜਾਬ ਦੇ ਸਮੂਹ ਸਕੂਲ ਮੁੱਖੀਆਂ ਅਤੇ ਅਧਿਆਪਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਕਤ ਵਿਸ਼ੇ ਵੱਲ ਖਾਸ ਤਵੱਜੋ ਦੇ ਕੇ ਉਕਤ ਦੱਸੀਆਂ ਹਦਾਇਤਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ ।

ਕੇ.ਐਸ. ਪੰਨੂੰ, ਆਈ.ਏ.ਐਸ<br>
ਸਕੱਤਰ-ਕਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ

ਪਿੱਠ ਅੰਕਣ ਨੰ: ਕੋਆਰਡੀਨੇਸ਼ਨ/2013/ ੬੭੫੪-੬੩ ਮਿਤੀ,ਚੰਡੀਗੜ੍ਹ: 3ਅਪ੍ਰੈਲ 2013

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1. ਡਾਇਰੈਕਟਰ ਪੇਂਡੂ ਵਿਕਾਸ ਅਤੇ ਪੰਚਾਇਤ ਨੂੰ ਜਾਣਕਾਰੀ ਅਤੇ ਜ਼ਰੂਰੀ ਕਾਰਵਾਈ ਲਈ।
2. ਸਮੂਹ ਵਧੀਕ ਡਿਪਟੀ ਕਮਿਸ਼ਨਰ(ਵਿਕਾਸ) ਪੰਜਾਬ ਰਾਜ ਨੂੰ (ਰਾਹੀਂ ਡੀ.ਈ.ਓ ਐ.ਸਿ)ਜਾਣਕਾਰੀ ਅਤੇ ਜ਼ਰੂਰੀ ਕਾਰਵਾਈ ਹਿੱਤ।
3. ਸਮੂਹ ਮੰਡਲ ਸਿੱਖਿਆ ਅਫਸਰ ਪੰਜਾਬ।
4. ਸਮੂਹ ਜ਼ਿਲ੍ਹਾ ਸਿੱਖਿਆ ਅਫਸਰ(ਸੈ.ਸਿ) ਪੰਜਾਬ।
5. ਸਮੂਹ ਜ਼ਿਲ੍ਹਾ ਸਿੱਖਿਆ ਅਫਸਰ(ਐ.ਸਿ) ਪੰਜਾਬ।

ਕੇ.ਐਸ. ਪੰਨੂੰ, ਆਈ.ਏ.ਐਸ<br>
ਸਕੱਤਰ-ਕਮ-ਡਾਇਰੈਕਟਰ ਜਨਰਲ ਸਕੂਲ ਸਿੱਖਿਆ